**ੴ ਸਤਿਗੁਰ ਪ੍ਰਸਾਦਿ ॥ ਰਾਗੁ ਸੂਹੀ ਮਹਲਾ ੩ ਘਰੁ ੩ ॥ ਭਗਤ ਜਨਾ ਕੀ ਹਰਿ ਜੀਉ ਰਾਖੈ ਜੁਗਿ ਜੁਗਿ ਰਖਦਾ ਆਇਆ ਰਾਮ ॥ ਸੋ ਭਗਤੁ ਜੋ ਗੁਰਮੁਖਿ ਹੋਵੈ ਹਉਮੈ ਸਬਦਿ ਜਲਾਇਆ ਰਾਮ ॥ ਹਉਮੈ ਸਬਦਿ ਜਲਾਇਆ ਮੇਰੇ ਹਰਿ ਭਾਇਆ ਜਿਸ ਦੀ ਸਾਚੀ ਬਾਣੀ ॥ ਸਚੀ ਭਗਤਿ ਕਰਹਿ ਦਿਨੁ ਰਾਤੀ ਗੁਰਮੁਖਿ ਆਖਿ ਵਖਾਣੀ ॥ ਭਗਤਾ ਕੀ ਚਾਲ ਸਚੀ ਅਤਿ ਨਿਰਮਲ ਨਾਮੁ ਸਚਾ ਮਨਿ ਭਾਇਆ ॥ ਨਾਨਕ ਭਗਤ ਸੋਹਹਿ ਦਰਿ ਸਾਚੈ ਜਿਨੀ ਸਚੋ ਸਚੁ ਕਮਾਇਆ ॥੧॥** {ਪੰਨਾ 768}

ਪਦਅਰਥ:- ਰਾਖੈ—ਰੱਖਦਾ ਹੈ। ਜੁਗਿ ਜੁਗਿ—ਹਰੇਕ ਜੁਗ ਵਿਚ। ਗੁਰਮੁਖਿ—ਗੁਰੂ ਦੇ ਸਨਮੁਖ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਭਾਇਆ—ਪਿਆਰਾ ਲੱਗਾ। ਜਿਸ ਦੀ—ਜਿਸ ਪ੍ਰਭੂ ਦੀ। ਸਾਚੀ—ਸਦਾ ਕਾਇਮ ਰਹਿਣ ਵਾਲੀ। ਬਾਣੀ—ਸਿਫ਼ਤਿ-ਸਾਲਾਹ ਦੀ ਬਾਣੀ। ਸਚੀ—ਸਦਾ-ਥਿਰ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਆਖਿ—ਉਚਾਰ ਕੇ। ਵਖਾਣੀ—(ਹੋਰਨਾਂ ਨੂੰ) ਸਮਝਾਈ। ਚਾਲ—ਜੀਵਨ-ਜੁਗਤਿ। ਮਨਿ—ਮਨ ਵਿਚ। ਸੋਹਹਿ—ਸੋਭਦੇ ਹਨ। ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ। ਸਚੋ ਸਚੁ—ਸਦਾ-ਥਿਰ ਰਹਿਣ ਵਾਲਾ ਹਰਿ-ਨਾਮ ਹੀ।1।

ਅਰਥ:- ਹੇ ਭਾਈ! ਪਰਮਾਤਮਾ ਆਪਣੇ ਭਗਤਾਂ ਦੀ ਇੱਜ਼ਤ ਰੱਖਦਾ ਹੈ, ਹਰੇਕ ਜੁਗ ਵਿਚ ਹੀ (ਭਗਤਾਂ ਦੀ) ਇੱਜ਼ਤ ਰੱਖਦਾ ਆਇਆ ਹੈ। ਜੇਹੜਾ ਮਨੁੱਖ ਗੁਰੂ ਦੇ ਦੱਸੇ ਹੋਏ ਰਾਹ ਉਤੇ ਤੁਰਦਾ ਹੈ, ਉਹ ਪ੍ਰਭੂ ਦਾ ਭਗਤ ਬਣ ਜਾਂਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੀ ਹਉਮੈ ਦੂਰ ਕਰਦਾ ਹੈ।

ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਅੰਦਰੋਂ ਹਉਮੈ ਸਾੜਦਾ ਹੈ, ਉਹ ਉਸ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ ਜਿਸ ਦੀ ਸਿਫ਼ਤਿ-ਸਾਲਾਹ ਸਦਾ ਅਟੱਲ ਰਹਿਣ ਵਾਲੀ ਹੈ।

ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਿਨ ਰਾਤ ਪਰਮਾਤਮਾ ਦੀ ਸਦਾ-ਥਿਰ ਰਹਿਣ ਵਾਲੇ ਭਗਤੀ ਕਰਦੇ ਰਹਿੰਦੇ ਹਨ, ਉਹ ਆਪ ਸਿਫ਼ਤਿ-ਸਾਲਾਹ ਵਾਲੀ ਬਾਣੀ ਉਚਾਰਦੇ ਰਹਿੰਦੇ ਹਨ, ਤੇ ਹੋਰਨਾਂ ਨੂੰ ਭੀ ਉਸ ਦੀ ਸੂਝ ਦੇਂਦੇ ਹਨ।

ਹੇ ਭਾਈ! ਭਗਤਾਂ ਦੀ ਜੀਵਨ-ਜੁਗਤੀ ਸਦਾ ਇਕ-ਰਸ ਰਹਿਣ ਵਾਲੀ ਅਤੇ ਬੜੀ ਪਵਿਤ੍ਰ ਹੁੰਦੀ ਹੈ, ਉਹਨਾਂ ਦੇ ਮਨ ਵਿਚ ਪਰਮਾਤਮਾ ਦਾ ਸਦਾ-ਥਿਰ ਨਾਮ ਪਿਆਰਾ ਲੱਗਦਾ ਰਹਿੰਦਾ ਹੈ। ਹੇ ਨਾਨਕ! ਪਰਮਾਤਮਾ ਦੇ ਭਗਤ ਸਦਾ-ਥਿਰ ਪਰਮਾਤਮਾ ਦੇ ਦਰ ਤੇ ਸੋਭਦੇ ਹਨ, ਉਹ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ ਹੀ ਸਦਾ ਜਪਦੇ ਰਹਿੰਦੇ ਹਨ।1।

**ਹਰਿ ਭਗਤਾ ਕੀ ਜਾਤਿ ਪਤਿ ਹੈ ਭਗਤ ਹਰਿ ਕੈ ਨਾਮਿ ਸਮਾਣੇ ਰਾਮ ॥ ਹਰਿ ਭਗਤਿ ਕਰਹਿ ਵਿਚਹੁ ਆਪੁ ਗਵਾਵਹਿ ਜਿਨ ਗੁਣ ਅਵਗਣ ਪਛਾਣੇ ਰਾਮ ॥ ਗੁਣ ਅਉਗਣ ਪਛਾਣੈ ਹਰਿ ਨਾਮੁ ਵਖਾਣੈ ਭੈ ਭਗਤਿ ਮੀਠੀ ਲਾਗੀ ॥ ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਘਰ ਹੀ ਮਹਿ ਬੈਰਾਗੀ ॥ ਭਗਤੀ ਰਾਤੇ ਸਦਾ ਮਨੁ ਨਿਰਮਲੁ ਹਰਿ ਜੀਉ ਵੇਖਹਿ ਸਦਾ ਨਾਲੇ ॥ ਨਾਨਕ ਸੇ ਭਗਤ ਹਰਿ ਕੈ ਦਰਿ ਸਾਚੇ ਅਨਦਿਨੁ ਨਾਮੁ ਸਮ੍ਹ੍ਹਾਲੇ ॥੨॥** {ਪੰਨਾ 768}

ਪਦਅਰਥ:- ਪਤਿ—ਇੱਜ਼ਤ। ਕੈ ਨਾਮਿ—ਦੇ ਨਾਮ ਵਿਚ। ਕਰਹਿ—ਕਰਦੇ ਹਨ। ਵਿਚਹੁ—ਆਪਣੇ ਅੰਦਰੋਂ। ਆਪੁ—ਆਪਾ-ਭਾਵ। ਪਛਾਣੈ—ਪਛਾਣਦਾ ਹੈ। ਵਖਾਣੈ—ਉਚਾਰਦਾ ਹੈ। ਭੈ—ਡਰ-ਅਦਬ ਵਿਚ। ਅਨਦਿਨੁ—ਹਰ ਰੋਜ਼, ਹਰ ਵੇਲੇ {Anuidnwz}। ਘਰ ਹੀ—ਘਰਿ ਹੀ {ਲਫ਼ਜ਼ 'ਘਰਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} ਘਰ ਵਿਚ ਹੀ। ਬੈਰਾਗੀ—ਵਿਰਕਤ। ਰਾਤੇ—ਰੰਗੇ ਹੋਏ। ਵੇਖਹਿ—ਵੇਖਦੇ ਹਨ। ਨਾਲੇ—ਨਾਲਿ। ਕੈ ਦਰਿ—ਦੇ ਦਰ ਉਤੇ। ਸਾਚੇ—ਸੱਚੇ, ਸੁਰਖ਼-ਰੂ। ਸਮ੍ਹ੍ਹਾਲੇ—ਸਮ੍ਹ੍ਹਾਲਿ, ਹਿਰਦੇ ਵਿਚ ਵਸਾ ਕੇ।2।

ਅਰਥ:- ਹੇ ਭਾਈ! ਪਰਮਾਤਮਾ ਹੀ ਭਗਤਾਂ ਲਈ (ਉੱਚੀ) ਜਾਤਿ ਹੈ, ਪਰਮਾਤਮਾ ਹੀ ਉਹਨਾਂ ਦੀ ਇੱਜ਼ਤ ਹੈ।

ਭਗਤ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ। ਭਗਤ (ਸਦਾ) ਹਰੀ ਦੀ ਭਗਤੀ ਕਰਦੇ ਹਨ, ਆਪਣੇ ਅੰਦਰੋਂ ਆਪਾ-ਭਾਵ (ਭੀ) ਦੂਰ ਕਰ ਲੈਂਦੇ ਹਨ, ਕਿਉਂਕਿ ਉਹਨਾਂ ਨੇ ਗੁਣਾਂ ਤੇ ਅਉਗਣਾਂ ਦੀ ਪਰਖ ਕਰ ਲਈ ਹੁੰਦੀ ਹੈ (ਉਹਨਾਂ ਨੂੰ ਪਤਾ ਹੁੰਦਾ ਹੈ ਕਿ ਹਉਮੈ ਅਉਗਣ ਹੈ)। ਜੇਹੜਾ ਮਨੁੱਖ ਗੁਣ ਤੇ ਅਉਗਣ ਦੀ ਪਰਖ ਕਰ ਲੈਂਦਾ ਹੈ, ਅਤੇ ਪਰਮਾਤਮਾ ਦਾ ਨਾਮ ਉਚਾਰਦਾ ਰਹਿੰਦਾ ਹੈ, ਉਸ ਨੂੰ ਪ੍ਰਭੂ ਦੇ ਡਰ-ਅਦਬ ਵਿਚ ਰਹਿਣ ਕਰ ਕੇ ਪ੍ਰਭੂ ਦੀ ਭਗਤੀ ਪਿਆਰੀ ਲੱਗਦੀ ਹੈ। ਜੇਹੜੇ ਮਨੁੱਖ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੇ ਹਨ, ਉਹ ਗ੍ਰਿਹਸਤ ਵਿਚ ਹੀ ਮਾਇਆ ਦੇ ਮੋਹ ਤੋਂ ਨਿਰਲੇਪ ਰਹਿੰਦੇ ਹਨ। ਹੇ ਭਾਈ! ਜੇਹੜੇ ਮਨੁੱਖ ਸਦਾ ਪ੍ਰਭੂ ਦੀ ਭਗਤੀ (ਦੇ ਰੰਗ) ਵਿਚ ਰੰਗੇ ਰਹਿੰਦੇ ਹਨ, ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਹ ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦੇ ਹਨ। ਹੇ ਨਾਨਕ! ਇਹੋ ਜਿਹੇ ਭਗਤ ਹਰ ਵੇਲੇ ਪ੍ਰਭੂ ਦੇ ਨਾਮ ਨੂੰ ਆਪਣੇ ਹਿਰਦੇ ਵਿਚ ਵਸਾ ਕੇ ਪਰਮਾਤਮਾ ਦੇ ਦਰ ਤੇ ਸੁਰਖ਼-ਰੂ ਹੋ ਜਾਂਦੇ ਹਨ।2।

**ਮਨਮੁਖ ਭਗਤਿ ਕਰਹਿ ਬਿਨੁ ਸਤਿਗੁਰ ਵਿਣੁ ਸਤਿਗੁਰ ਭਗਤਿ ਨ ਹੋਈ ਰਾਮ ॥ ਹਉਮੈ ਮਾਇਆ ਰੋਗਿ ਵਿਆਪੇ ਮਰਿ ਜਨਮਹਿ ਦੁਖੁ ਹੋਈ ਰਾਮ ॥ ਮਰਿ ਜਨਮਹਿ ਦੁਖੁ ਹੋਈ ਦੂਜੈ ਭਾਇ ਪਰਜ ਵਿਗੋਈ ਵਿਣੁ ਗੁਰ ਤਤੁ ਨ ਜਾਨਿਆ ॥ ਭਗਤਿ ਵਿਹੂਣਾ ਸਭੁ ਜਗੁ ਭਰਮਿਆ ਅੰਤਿ ਗਇਆ ਪਛੁਤਾਨਿਆ ॥ ਕੋਟਿ ਮਧੇ ਕਿਨੈ ਪਛਾਣਿਆ ਹਰਿ ਨਾਮਾ ਸਚੁ ਸੋਈ ॥ ਨਾਨਕ ਨਾਮਿ ਮਿਲੈ ਵਡਿਆਈ ਦੂਜੈ ਭਾਇ ਪਤਿ ਖੋਈ ॥੩॥** {ਪੰਨਾ 768}

ਪਦਅਰਥ:- ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਕਰਹਿ—ਕਰਦੇ ਹਨ। ਰੋਗਿ—ਰੋਗ ਵਿਚ। ਵਿਆਪੇ—ਫਸੇ ਰਹਿੰਦੇ ਹਨ। ਮਰਿ ਜਨਮਹਿ—ਮਰ ਕੇ ਜੰਮਦੇ ਹਨ, ਆਤਮਕ ਮੌਤ ਸਹੇੜ ਕੇ ਜੂਨਾਂ ਵਿਚ ਪਏ ਰਹਿੰਦੇ ਹਨ। ਦੂਜੈ ਭਾਇ—ਕਿਸੇ ਹੋਰ ਦੇ ਪਿਆਰ ਵਿਚ, ਮਾਇਆ ਦੇ ਮੋਹ ਵਿਚ। ਪਰਜ—ਸ੍ਰਿਸ਼ਟੀ। ਵਿਗੋਈ—ਖ਼ੁਆਰ ਹੁੰਦੀ ਹੈ। ਤਤੁ—ਅਸਲੀਅਤ। ਵਿਹੂਣਾ—ਸੱਖਣਾ। ਭਰਮਿਆ—ਭਟਕਦਾ ਹੈ। ਅੰਤਿ—ਆਖ਼ਰ ਨੂੰ। ਕੋਟਿ ਮਧੇ—ਕ੍ਰੋੜਾਂ ਵਿਚ। ਕਿਨੈ—ਕਿਸੇ ਵਿਰਲੇ ਨੇ। ਸਚੁ—ਸਦਾ-ਥਿਰ ਰਹਿਣ ਵਾਲਾ। ਨਾਮਿ—ਨਾਮ ਵਿਚ। ਪਤਿ—ਇੱਜ਼ਤ।3।

ਅਰਥ:- ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਗੁਰੂ ਦੀ ਸਰਨ ਪੈਣ ਤੋਂ ਬਿਨਾ (ਆਪਣੇ ਵਲੋਂ) ਪ੍ਰਭੂ ਦੀ ਭਗਤੀ ਕਰਦੇ ਹਨ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਭਗਤੀ ਹੋ ਨਹੀਂ ਸਕਦੀ। ਉਹ ਮਨੁੱਖ ਹਉਮੈ ਵਿਚ, ਮਾਇਆ ਦੇ ਰੋਗ ਵਿਚ, ਫਸੇ ਰਹਿੰਦੇ ਹਨ, ਆਤਮਕ ਮੌਤ ਸਹੇੜ ਕੇ ਉਹ ਜਨਮਾਂ ਦੇ ਗੇੜ ਵਿਚ ਪਏ ਰਹਿੰਦੇ ਹਨ, ਉਹਨਾਂ ਨੂੰ ਦੁੱਖ ਚੰਬੜਿਆ ਰਹਿੰਦਾ ਹੈ। ਹੇ ਭਾਈ! ਮਾਇਆ ਦੇ ਮੋਹ ਵਿਚ ਫਸ ਕੇ ਦੁਨੀਆ ਖ਼ੁਆਰ ਹੁੰਦੀ ਹੈ। ਗੁਰੂ ਦੀ ਸਰਨ ਪੈਣ ਤੋਂ ਬਿਨਾ ਕੋਈ ਭੀ ਅਸਲੀਅਤ ਨੂੰ ਨਹੀਂ ਸਮਝਦਾ। ਭਗਤੀ ਤੋਂ ਸੱਖਣਾ ਸਾਰਾ ਜਗਤ ਹੀ ਭਟਕਦਾ ਫਿਰਦਾ ਹੈ, ਤੇ, ਆਖ਼ਰ ਹੱਥ ਮਲਦਾ (ਦੁਨੀਆ ਤੋਂ) ਜਾਂਦਾ ਹੈ।

ਹੇ ਨਾਨਕ! ਕ੍ਰੋੜਾਂ ਵਿਚੋਂ ਕਿਸੇ ਵਿਰਲੇ ਮਨੁੱਖ ਨੇ ਇਹ ਗੱਲ ਸਮਝੀ ਹੈ ਕਿ ਪਰਮਾਤਮਾ ਦਾ ਨਾਮ ਹੀ ਸਦਾ ਕਾਇਮ ਰਹਿਣ ਵਾਲਾ ਹੈ, ਨਾਮ ਵਿਚ ਜੁੜਿਆਂ ਹੀ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ, ਅਤੇ, ਮਾਇਆ ਦੇ ਮੋਹ ਵਿਚ ਮਨੁੱਖ ਇੱਜ਼ਤ ਗਵਾ ਲੈਂਦਾ ਹੈ।3।

**ਭਗਤਾ ਕੈ ਘਰਿ ਕਾਰਜੁ ਸਾਚਾ ਹਰਿ ਗੁਣ ਸਦਾ ਵਖਾਣੇ ਰਾਮ ॥ ਭਗਤਿ ਖਜਾਨਾ ਆਪੇ ਦੀਆ ਕਾਲੁ ਕੰਟਕੁ ਮਾਰਿ ਸਮਾਣੇ ਰਾਮ ॥ ਕਾਲੁ ਕੰਟਕੁ ਮਾਰਿ ਸਮਾਣੇ ਹਰਿ ਮਨਿ ਭਾਣੇ ਨਾਮੁ ਨਿਧਾਨੁ ਸਚੁ ਪਾਇਆ ॥ ਸਦਾ ਅਖੁਟੁ ਕਦੇ ਨ ਨਿਖੁਟੈ ਹਰਿ ਦੀਆ ਸਹਜਿ ਸੁ ਭਾਇਆ ॥ ਹਰਿ ਜਨ ਊਚੇ ਸਦ**

ਹੀ ਊਚੇ ਗੁਰ ਕੈ ਸਬਦਿ ਸੁਹਾਇਆ ॥ ਨਾਨਕ ਆਪੇ ਬਖਸਿ ਮਿਲਾਏ ਜੁਗਿ ਜੁਗਿ ਸੋਭਾ ਪਾਇਆ ॥੪॥੧॥੨॥ {ਪੰਨਾ 769}

ਪਦਅਰਥ:- ਕੈ ਘਰਿ—ਦੇ ਹਿਰਦੇ ਵਿਚ। ਕਾਰਜੁ—{kwXL} ਕੰਮ, ਆਹਰ। ਸਾਚਾ—ਸਦਾ ਕਾਇਮ ਰਹਿਣ ਵਾਲਾ। ਵਖਾਣੇ—ਉਚਾਰੇ। ਆਪੇ—ਆਪ ਹੀ। ਕੰਟਕੁ—ਕੰਡਾ, ਕੰਡੇ ਵਾਂਗ ਚੁੱਭਣ ਵਾਲਾ, ਦੁਖਦਾਈ। ਮਾਰਿ—ਮਾਰ ਕੇ। ਸਮਾਣੇ—ਲੀਨ ਰਹੇ। ਮਨਿ—ਮਨ ਵਿਚ। ਭਾਣੇ—ਚੰਗੇ ਲੱਗੇ। ਨਿਧਾਨੁ—ਖ਼ਜ਼ਾਨਾ। ਸਚੁ—ਸਦਾ ਕਾਇਮ ਰਹਿਣ ਵਾਲਾ। ਅਖੁਟੁ—ਕਦੇ ਨਾਹ ਮੁੱਕਣ ਵਾਲਾ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇਆ—ਸੁਭਾਇ, ਪ੍ਰੇਮ ਵਿਚ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਜੁਗਿ ਜੁਗਿ—ਹਰੇਕ ਜੁਗ ਵਿਚ।4।

ਅਰਥ:- ਪਰਮਾਤਮਾ ਦੇ ਗੁਣ ਸਦਾ ਗਾਂਦੇ ਰਹਿਣ ਕਰ ਕੇ ਭਗਤਾਂ ਦੇ ਹਿਰਦੇ-ਘਰ ਵਿਚ ਇਹ ਆਹਰ ਸਦਾ ਲਈ ਬਣਿਆ ਰਹਿੰਦਾ ਹੈ। ਭਗਤੀ ਦਾ ਖ਼ਜ਼ਾਨਾ ਪਰਮਾਤਮਾ ਨੇ ਆਪ ਹੀ ਆਪਣੇ ਭਗਤਾਂ ਨੂੰ ਦਿੱਤਾ ਹੋਇਆ ਹੈ, (ਇਸ ਦੀ ਬਰਕਤਿ ਨਾਲ ਉਹ) ਦੁਖਦਾਈ ਮੌਤ ਦੇ ਡਰ ਨੂੰ ਮਾਰ-ਮੁਕਾ ਕੇ (ਪਰਮਾਤਮਾ ਵਿਚ) ਲੀਨ ਰਹਿੰਦੇ ਹਨ। ਦੁਖਦਾਈ ਮੌਤ ਦੇ ਡਰ ਨੂੰ ਮੁਕਾ ਕੇ ਭਗਤ ਪਰਮਾਤਮਾ ਵਿਚ ਲੀਨ ਰਹਿੰਦੇ ਹਨ, ਪਰਮਾਤਮਾ ਦੇ ਮਨ ਵਿਚ ਪਿਆਰੇ ਲੱਗਦੇ ਹਨ, (ਪਰਮਾਤਮਾ ਪਾਸੋਂ ਭਗਤ) ਸਦਾ ਕਾਇਮ ਰਹਿਣ ਵਾਲਾ ਨਾਮ-ਖ਼ਜ਼ਾਨਾ ਪ੍ਰਾਪਤ ਕਰ ਲੈਂਦੇ ਹਨ। ਇਹ ਖ਼ਜ਼ਾਨਾ ਅਮੁੱਕ ਹੈ, ਕਦੇ ਨਹੀਂ ਮੁੱਕਦਾ। ਪਰਮਾਤਮਾ ਨੇ ਉਹਨਾਂ ਨੂੰ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕੇ ਹੋਇਆਂ ਨੂੰ ਇਹ ਖ਼ਜ਼ਾਨਾ ਦੇ ਦਿੱਤਾ। (ਇਸ ਖ਼ਜ਼ਾਨੇ ਦਾ ਸਦਕਾ) ਭਗਤ ਸਦਾ ਹੀ ਉੱਚੇ ਆਤਮਕ ਮੰਡਲ ਵਿਚ ਟਿਕੇ ਰਹਿੰਦੇ ਹਨ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦਾ ਜੀਵਨ ਸੋਹਣਾ ਬਣ ਜਾਂਦਾ ਹੈ।

ਹੇ ਨਾਨਕ! ਪਰਮਾਤਮਾ ਆਪ ਹੀ ਮੇਹਰ ਕਰ ਕੇ ਉਹਨਾਂ ਨੂੰ ਚਰਨਾਂ ਵਿਚ ਜੋੜੀ ਰੱਖਦਾ ਹੈ, ਹਰੇਕ ਜੁਗ ਵਿਚ ਉਹ ਸੋਭਾ ਖੱਟਦੇ ਹਨ।4।1।2।